# SANGRAND HUKAMNAMA FROM SRI DARBAR SAHIB, SRI AMRITSAR.

**[June 15th, 2022 - Wednesday - 04:30 AM. IST]**

ਬਾਰਹ ਮਾਹਾ ਮਾਂਝ ਮਹਲਾ ੫ ਘਰੁ ੪

ੴ ਸਤਿਗੁਰ ਪ੍ਰਸਾਦਿ ॥

ਆਸਾੜੁ ਤਪੰਦਾ ਤਿਸੁ ਲਗੈ ਹਰਿ ਨਾਹੁ ਨ ਜਿੰਨਾ ਪਾਸਿ ॥ ਜਗਜੀਵਨ ਪੁਰਖੁ ਤਿਆਗਿ ਕੈ ਮਾਣਸ ਸੰਦੀ ਆਸ ॥ ਦੁਯੈ ਭਾਇ ਵਿਗੁਚੀਐ ਗਲਿ ਪਈਸੁ ਜਮ ਕੀ ਫਾਸ ॥ ਜੇਹਾ ਬੀਜੈ ਸੋ ਲੁਣੈ ਮਥੈ ਜੋ ਲਿਖਿਆਸੁ ॥ ਰੈਣ ਵਿਹਾਣੀ ਪਛੁਤਾਣੀ ਉਠਿ ਚਲੀ ਗਈ ਨਿਰਾਸ ॥ ਜਿਨ ਕੌ ਸਾਧੂ ਭੇਟੀਐ ਸੋ ਦਰਗਹ ਹੋਇ ਖਲਾਸੁ ॥ ਕਰਿ ਕਿਰਪਾ ਪ੍ਰਭ ਆਪਣੀ ਤੇਰੇ ਦਰਸਨ ਹੋਇ ਪਿਆਸ ॥ ਪ੍ਰਭ ਤੁਧੁ ਬਿਨੁ ਦੂਜਾ ਕੋ ਨਹੀ ਨਾਨਕ ਕੀ ਅਰਦਾਸਿ ॥ ਆਸਾੜੁ ਸੁਹੰਦਾ ਤਿਸੁ ਲਗੈ ਜਿਸੁ ਮਨਿ ਹਰਿ ਚਰਣ ਨਿਵਾਸ ॥੫॥

ਬੁੱਧਵਾਰ, ੧ ਹਾੜ (ਸੰਮਤ ੫੫੪ ਨਾਨਕਸ਼ਾਹੀ) ੧੫ ਜੂਨ, ੨੦੨੨ (ਅੰਗ: ੧੩੪)

**ਪੰਜਾਬੀ ਵਿਆਖਿਆ:**

ਬਾਰਹ ਮਾਹਾ ਮਾਂਝ ਮਹਲਾ ੫ ਘਰੁ ੪

ੴ ਸਤਿਗੁਰ ਪ੍ਰਸਾਦਿ ॥

ਹਾੜ ਦਾ ਮਹੀਨਾ ਉਸ ਜੀਵ ਨੂੰ ਤਪਦਾ ਪ੍ਰਤੀਤ ਹੁੰਦਾ ਹੈ, ਉਹ ਬੰਦੇ ਹਾੜ ਦੇ ਮਹੀਨੇ ਵਾਂਗ ਤਪਦੇ-ਕਲਪਦੇ ਰਹਿੰਦੇ ਹਨ ਜਿੰਨ੍ਹਾਂ ਦੇ ਹਿਰਦੇ ਵਿਚ ਪ੍ਰਭੂ-ਪਤੀ ਨਹੀਂ ਵੱਸਦਾ, ਜੇਹੜੇ ਜਗਤ-ਦੇ-ਸਹਾਰੇ ਪਰਮਾਤਮਾ ਦਾ ਆਸਰਾ ਛੱਡ ਕੇ ਬੰਦਿਆਂ ਦੀਆਂ ਆਸਾਂ ਬਣਾਈ ਰੱਖਦੇ ਹਨ। ਪ੍ਰਭੂ ਤੋਂ ਬਿਨਾ ਕਿਸੇ ਹੋਰ ਦੇ ਆਸਰੇ ਰਿਹਾਂ ਖ਼ੁਆਰ ਹੀ ਹੋਈਦਾ ਹੈ, ਜੋ ਭੀ ਕੋਈ ਹੋਰ ਸਹਾਰਾ ਤੱਕਦਾ ਹੈ, ਉਸ ਦੇ ਗਲ ਵਿਚ ਜਮ ਦੀ ਫਾਹੀ ਪੈਂਦੀ ਹੈ ਉਸ ਦਾ ਜੀਵਨ ਸਦਾ ਸਹਮ ਵਿਚ ਬੀਤਦਾ ਹੈ। ਕੁਦਰਤ ਦਾ ਨਿਯਮ ਹੀ ਐਸਾ ਹੈ ਕਿ ਮਨੁੱਖ ਜੇਹਾ ਬੀਜਦਾ ਹੈ, ਕੀਤੇ ਕਰਮਾਂ ਅਨੁਸਾਰ ਜੇਹੜਾ ਲੇਖ ਉਸ ਦੇ ਮੱਥੇ ਉਤੇ ਲਿਖਿਆ ਜਾਂਦਾ ਹੈ, ਉਹੋ ਜਿਹਾ ਫਲ ਉਹ ਪ੍ਰਾਪਤ ਕਰਦਾ ਹੈ। ਜਗਜੀਵਨ ਪੁਰਖ ਨੂੰ ਵਿਸਾਰਨ ਵਾਲੀ ਜੀਵ-ਇਸਤ੍ਰੀ ਦੀ ਸਾਰੀ ਜ਼ਿੰਦਗੀ ਪਛਤਾਵਿਆਂ ਵਿਚ ਹੀ ਗੁਜ਼ਰਦੀ ਹੈ, ਉਹ ਜਗਤ ਤੋਂ ਟੁਟੇ ਹੋਏ ਦਿਲ ਨਾਲ ਹੀ ਤੁਰ ਪੈਂਦੀ ਹੈ। ਜਿੰਨ੍ਹਾਂ ਬੰਦਿਆ ਨੂੰ ਗੁਰੂ ਮਿਲ ਪੈਂਦਾ ਹੈ, ਉਹ ਪਰਮਾਤਮਾ ਦੀ ਹਜ਼ੂਰੀ ਵਿਚ ਸੁਰਖ਼ਰੂ ਹੁੰਦੇ ਹਨ (ਆਦਰ-ਮਾਣ ਪਾਉਂਦੇ ਹਨ)। ਹੇ ਪ੍ਰਭੂ! ਤੇਰੇ ਅੱਗੇ ਨਾਨਕ ਦੀ ਬੇਨਤੀ ਹੈ-ਆਪਣੀ ਮਿਹਰ ਕਰ, ਮੇਰੇ ਮਨ ਵਿਚ ਤੇਰੇ ਦਰਸ਼ਨ ਦੀ ਤਾਂਘ ਬਣੀ ਰਹੇ, ਕਿਉਂਕਿ ਹੇ ਪ੍ਰਭੂ! ਤੈਥੋਂ ਬਿਨਾ ਮੇਰਾ ਕੋਈ ਹੋਰ ਆਸਰਾ-ਪਰਨਾ ਨਹੀਂ ਹੈ। ਜਿਸ ਮਨੁੱਖ ਦੇ ਮਨ ਵਿਚ ਪ੍ਰਭੂ ਦੇ ਚਰਨਾਂ ਦਾ ਨਿਵਾਸ ਬਣਿਆ ਰਹੇ, ਉਸ ਨੂੰ ਤਪਦਾ ਹਾੜ ਭੀ ਸੁਹਾਵਣਾ ਜਾਪਦਾ ਹੈ ਉਸ ਨੂੰ ਦੁਨੀਆ ਦੇ ਦੁੱਖ-ਕਲੇਸ਼ ਭੀ ਦੁਖੀ ਨਹੀਂ ਕਰ ਸਕਦੇ।੫।

**English Translation:**

**BAARAH MAAHAA ~ THE TWELVE MONTHS:**
**MAAJH, FIFTH MEHL, FOURTH HOUSE:**

**ONE UNIVERSAL CREATOR GOD.**
**BY THE GRACE OF THE TRUE GURU:**

The month of Aasaarh seems burning hot, to those who are not close to their Husband Lord. They have forsaken God the Primal Being, the Life of the World, and they have come to rely upon mere mortals. In the love of duality, the soul-bride is ruined; around her neck she wears the noose of Death. As you plant, so shall you harvest; your destiny is recorded on your forehead. The life-night passes away, and in the end, one comes to regret and repent, and then depart with no hope at all. Those who meet with the Holy Saints are liberated in the Court of the Lord. Show Your Mercy to me, O God; I am thirsty for the Blessed Vision of Your Darshan. Without You, God, there is no other at all. This is Nanak's humble prayer. The month of Aasaarh is pleasant, when the Feet of the Lord abide in the mind. || 5 ||

**Wednesday, 1st Assaar (Samvat 554 Nanakshahi) 15th June, 2022 (Page: 134)**